**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340 ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4229 ਆਫ਼ 2018**

**ਹਾਜ਼ਰ:-**

1) ਸ਼੍ਰੀ ਕਮਲਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਮੋਹਣ ਸਿੰਘ, ਸਹਾਇਕ ਪ੍ਰੋਫੈਸਰ (82890-241444)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਮੋਹਣ ਸਿੰਘ, ਸਹਾਇਕ ਪ੍ਰੋਫੈਸਰ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1097, ਮਿਤੀ 04-05-2018 ਰਾਹੀਂ ਅਪੀਲਕਰਤਾ ਨੂੰ ਲਿਖਿਆ ਗਿਆ ਸੀ ਕਿ ਉਹ ਕਿਸੇ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਜਾ ਕੇ ਰਿਕਾਰਡ ਇੰਸਪੈਕਸ਼ਨ ਕਰਕੇ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਪਰੰਤੂ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫਤਰ ਨਾਲ ਕਦੇ ਵੀ ਸੰਪਰਕ ਨਹੀਂ ਕੀਤਾ ਗਿਆ ਅਤੇ ਨਾ ਹੀ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਵਾਈ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਇਸ ਸਬੰਧੀ ਕੋਈ ਪੱਤਰ ਪ੍ਰਾਪਤ ਨਹੀਂ ਹੋਇਆ। ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਕਿ ਅਪੀਲਕਰਤਾ ਮਿਤੀ 20-03-2019 ਤੋਂ ਬਾਅਦ ਕਿਸੇ ਦਫ਼ਤਰੀ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਜਾ ਕੇ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਅਤੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ।ਅਪੀਲਕਰਤਾ ਨੇ ਵੀ ਉਨ੍ਹਾਂ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਦਿੱਤੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਮਿਤੀ 20-03-2019 ਤੋਂ ਬਾਅਦ ਕਿਸੇ ਦਫ਼ਤਰੀ ਕੰਮ ਵਾਲੇ ਦਿਨ ਉੱਤਰਦਾਤਾ ਨਾਲ ਸੰਪਰਕ ਕਰਕੇ ਆਰ.ਟੀ.ਆਈ. ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਅਤੇ ਨਿਯਮਾਂ ਅਨੁਸਾਰ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਲਵੇ।ਰਿਕਾਰਡ ਦੀ ਇੰਸਪੈਕਸ਼ਨ ਵੇਲੇ ਅਪੀਲਕਰਤਾ ਕੋਲ ਕੋਈ ਮੁਬਾਇਲ ਜਾਂ ਵੀਡਿਓ ਕੈਮਰਾ ਨਹੀਂ ਹੋਵੇਗਾ। ਉੱਤਰਦਾਤਾ ਵੀ ਮਿਤੀ 20-03-2019 ਤੋਂ ਬਾਅਦ ਅਪੀਲਕਰਤਾ ਨਾਲ ਸੰਪਰਕ ਕਰਕੇ ਆਰ.ਟੀ.ਆਈ. ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਕੇ ਨਿਯਮਾਂ ਅਨੁਸਾਰ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਮੁਹੱਈਆ ਕਰਵਾਏਗਾ ਅਤੇ ਅਪੀਲਕਰਤਾ ਨਾਲ ਸੰਪਰਕ ਕਰਨ ਬਾਰੇ ਆਪਣੇ ਕੋਲ ਰਿਕਾਰਡ ਰੱਖੇਗਾ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 10-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ

ਮਿਤੀ: ਚੰਡੀਗੜ੍ਹ, 11 ਮਾਰਚ, 2019.